**I/26048/2020**

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

ਪੰਜਾਬ ਤੋਂ 200 ਟ੍ਰੇਨਾਂ ਰਵਾਨਾ

200ਵੀਂ ਟ੍ਰੇਨ ਅੰਮ੍ਰਿਤਸਰ ਤੋਂ ਮਹਾਰਾਸ਼ਟਰ ਨੂੰ ਤੋਰੀ

ਪੰਜਾਬ ਵਿੱਚ ਉਦਯੋਗਾਂ ਅਤੇ ਕਾਰੋਬਾਰ ਸ਼ੁਰੂ ਹੋਣ ਕਰਕੇ ਪ੍ਰਵਾਸੀਆਂ ਦੀ ਘਰਾਂ ਦੀ ਵਾਪਸੀ ਘਟੀ

ਅੱਜ ਦੋ ਟਰੇਨਾਂ ਹੋਈਆਂ ਰਵਾਨਾਂ

ਅੰਮ੍ਰਿਤਸਰ 19 ਮਈ ( )---ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਨੇ ਦੱਸਿਆ ਹੈ ਕਿ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਹੇਠ ਅੰਮ੍ਰਿਤਸਰ ਤੋਂ 18 ਰੇਲ ਗੱਡੀਆਂ ਵੱਖ-ਵੱਖ ਥਾਵਾਂ ਲਈ ਪ੍ਰਵਾਸੀਆਂ ਨੂੰ ਲੈ ਕੇ ਜਾ ਚੁੱਕੀਆਂ ਹਨ , ਜਦਕਿ ਪੰਜਾਬ ਭਰ ਵਿਚੋਂ 200 ਵਿਸ਼ੇਸ਼ ਰੇਲ ਗੱਡੀਆਂ ਰਾਹੀਂ ਪ੍ਰਵਾਸੀ ਮਜ਼ਦੂਰਾਂ ਨੂੰ ਉਨਾਂ ਦੇ ਪਿੱਤਰੀ ਰਾਜਾਂ ਵਿੱਚ ਵਾਪਸ ਜਾਣ ਦੀ ਸਹੂਲਤ ਮੁਹੱਈਆ ਕਰਵਾਈ ਜਾ ਚੁੱਕੀ ਹੈ। ਉਨਾਂ ਕਿਹਾ ਕਿ ਮੁੱਖ ਮੰਤਰੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਮੁੱਚਾ ਪ੍ਰਸ਼ਾਸ਼ਨ ਪ੍ਰਵਾਸੀ ਮਜ਼ਦੂਰਾਂ ਨੂੰ ਹਰ ਤਰ •ਾਂ ਦੀ ਰਾਹਤ ਤੇ ਸਹਾਇਤਾ ਪ੍ਰਦਾਨ ਕਰਨ ਲਈ 24 ਘੰਟੇ ਕੰਮ ਕਰ ਰਿਹਾ ਹੈ।

ਸ: ਢਿਲੋਂ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਟ੍ਰੇਨਾਂ ਦੀ ਲਗਾਤਾਰਤਾ ਵਿਚ ਅੱਜ 200ਵੀਂ ਟ੍ਰੇਨ ਅੰਮ੍ਰਿਤਸਰ ਤੋਂ ਮਹਾਰਾਸ਼ਟਰਾ ਲਈ ਬਾਅਦ ਦੁਪਹਿਰ 2 ਵਜੇ ਰਵਾਨਾ ਹੋਈ। ਉਨਾਂ ਦੱਸਿਆ ਕਿ ਇਸ ਟ੍ਰੇਨ ਵਿਚ 703 ਦੇ ਕਰੀਬ ਯਾਤਰੀ ਸਵਾਰ ਸਨ। ਉਨਾਂ ਦੱਸਿਆ ਕਿ ਇਸ ਟ੍ਰੇਨ ਵਿੱਚ ਪੰਜਾਬ ਭਰ ਦੇ 22 ਜਿਲਿਆਂ ਤੋਂ ਯਾਤਰੀ ਆਏ ਹੋਏ ਸਨ। ਸ੍ਰ ਢਿਲੋਂ ਨੇ ਦੱਸਿਆ ਕਿ ਇਸ ਟਰੇਨ ਵਿੱਚ ਕੁਝ ਪੰਜਾਬੀ ਵੀ ਸ਼ਾਮਲ ਸਨ ਜੋ ਕਿ ਪੂਨਾ ਵਿਖੇ ਕੰਮ ਕਰਦੇ ਹਨ, ਵੀ ਗਏ ਹਨ ਸ: ਢਿਲੋਂ ਨੇ ਦੱਸਿਆ ਕਿ ਪੰਜਾਬ ਵਿੱਚ ਉਦਯੋਗਾਂ ਅਤੇ ਕਾਰੋਬਾਰ ਦਾ ਕੰਮ ਸ਼ੁਰੂ ਹੋਣ ਨਾਲ ਪ੍ਰਵਾਸੀਆਂ ਦੀ ਗਿਣਤੀ ਘਰਾਂ ਨੂੰ ਜਾਣ ਲਈ ਘੱਟ ਗਈ ਹੈ ਅਤੇ ਕਈ ਪ੍ਰਵਾਸੀਆਂ ਵਲੋਂ ਰਜਿਸਟਰੇਸ਼ਨ ਕਰਵਾਉਣ ਦੇ ਬਾਵਜੂਦ ਵੀ ਆਪਣੇ ਘਰਾਂ ਨੂੰ ਜਾਣ ਤੋਂ ਇਨਕਾਰ ਕਰ ਦਿੱਤਾ ਗਿਆ ਹੈ। ਸ: ਢਿਲੋਂ ਨੇ ਕਿਹਾ ਕਿ ਪ੍ਰਵਾਸੀ ਮਜ਼ਦੂਰਾਂ ਨੇ ਦੱਸਿਆ ਹੈ ਕਿ ਪੰਜਾਬ ਵਿੱਚ ਕਾਰੋਬਾਰ ਖੁਲਣ ਨਾਲ ਉਨਾਂ ਨੂੰ ਮੁੜ ਰੋਜ਼ਗਾਰ ਮੁਹੱਈਆ ਹੋ ਗਿਆ ਹੈ ਇਸ ਲਈ ਉਹ ਆਪਣੇ ਪਿੱਤਰੀ ਰਾਜ ਨੂੰ ਵਾਪਸ ਨਹੀਂ ਜਾਣਾ ਚਾਹੁੰਦੇ ।

ਸ੍ਰ ਢਿਲੋਂ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਸਵੇਰੇ 10 ਵਜੇ ਇਕ ਟਰੇਨ ਛਤੀਸਗੜ ਨੂੰ ਰਵਾਨਾ ਹੋਈ ਜਿਸ ਵਿੱਚ 1200 ਯਾਤਰੀ ਆਪਣੇ ਘਰਾਂ ਨੂੰ ਗਏ। ਉਨਾਂ ਦੱਸਿਆ ਕਿ ਕਿਰਤੀਆਂ ਦੀ ਕਦਰ ਕਰਦੇ ਹੋਏ ਸਰਕਾਰ ਨੇ ਇਸ ਕਾਰਜ 'ਤੇ ਸਰਕਾਰੀ ਖਜ਼ਾਨੇ 'ਚੋਂ ਹੀ ਖ਼ਰਚ ਕੀਤਾ ਹੈ ਅਤੇ ਕਿਸੇ ਪ੍ਰਵਾਸੀ ਕੋਲੋਂ ਟਿਕਟ ਜਾਂ ਖਾਣੇ ਦਾ ਪੈਸਾ ਨਹੀਂ ਲਿਆ ਜਾਂਦਾ। ਪ੍ਰਵਾਸੀਆਂ ਮਜ਼ਦੂਰਾਂ ਦੀਆਂ ਮੁਸ਼ਕਿਲਾਂ ਘੱਟ ਕਰਨ ਲਈ ਸੂਬੇ ਵੱਲੋਂ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਦੀ ਕੀਤੀ ਪਹਿਲ ਕਦਮੀ ਬਾਰੇ ਦੱਸਦੇ ਸ. ਢਿੱਲੋਂ ਨੇ ਦੱਸਿਆ ਕਿ ਘਰ ਵਾਪਸ ਜਾਣ ਵਾਲੇ ਸਾਰੇ ਲੋਕਾਂ ਨੂੰ ਉਨਾਂ ਦੇ ਸਫ਼ਰ ਲਈ ਭੋਜਨ, ਪਾਣੀ ਅਤੇ ਹੋਰ ਲੋੜੀਂਦੀਆਂ ਚੀਜ਼ਾਂ ਵੀ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਉਨਾਂ ਦੱਸਿਆ ਕਿ ਪੰਜਾਬ ਵੱਲੋਂ

ਰੋਜ਼ਾਨਾ 20 ਤੋਂ ਜ਼ਿਆਦਾ ਰੇਲ ਗੱਡੀਆਂ ਵੱਖ-ਵੱਖ ਰਾਜਾਂ ਨੂੰ ਭੇਜੀਆਂ ਜਾ ਰਹੀਆਂ ਹਨ , ਜਦਕਿ ਅੰਮ੍ਰਿਤਸਰ ਤੋਂ ਔਸਤਨ 2 ਰੇਲ ਗੱਡੀਆਂ ਵੱਖ-ਵੱਖ ਸਟੇਸ਼ਨਾਂ ਲਈ ਭੇਜੀਆਂ ਜਾ ਰਹੀਆਂ ਹਨ।

ਉਨਾਂ ਦੱਸਿਆ ਕਿ ਇਨਾਂ ਸਾਰੇ ਰਾਜਾਂ ਲਈ ਸਰਕਾਰ ਪੱਧਰ ਉਤੇ ਨੋਡਲ ਅਧਿਕਾਰੀਆਂ ਦੀ ਨਿਯੁਕਤੀ ਕੀਤੀ ਗਈ ਹੈ ਜੋ ਪ੍ਰਵਾਸੀਆਂ ਦੇ ਗ੍ਰਹਿ ਰਾਜਾਂ ਨੂੰ ਸੁਰੱਖਿਅਤ ਵਾਪਸੀ ਦੀ ਸਹੂਲਤ ਲਈ ਦੂਜੇ ਰਾਜਾਂ ਵਿੱਚ ਆਪਣੇ ਹਮਰੁਤਬਾ ਨਾਲ ਸਰਗਰਮੀ ਨਾਲ ਸੰਪਰਕ ਵਿੱਚ ਹਨ ਅਤੇ ਪ੍ਰਵਾਸੀਆਂ ਦੀ ਲਾਜ਼ਮੀ ਡਾਕਟਰੀ ਜਾਂਚ ਲਈ ਟੀਮਾਂ ਦਾ ਗਠਨ ਕੀਤਾ ਹੋਇਆ ਹੈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਅਗਰਵਾਲ , ਕਮਿਸ਼ਨਰ ਨਗਰ ਨਿਗਮ ਮੈਡਮ ਕੋਮਲ ਮਿੱਤਲ, ਐਸ:ਡੀ:ਐਮ ਵਿਕਾਸ ਹੀਰਾ , ਤਹਿਸੀਲਦਾਰ ਸ: ਵੀਰਕਿਰਨ ਸਿੰਘ , ਸ: ਅਰਵਿੰਦਰਪਾਲ ਸਿੰਘ ਅਤੇ ਸ: ਹਰਦੀਪ ਸਿੰਘ ਹਾਜ਼ਰ ਸਨ।

ਕੈਪਸ਼ਨ-200ਵੀ ਟਰੇਨ ਨੂੰ ਸ੍ਰ ਸ਼ਿਵੁਦਲਾਰ ਸਿੰਘ ਢਿਲੋਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਤੋਂ ਮਹਾਂਰਾਸ਼ਟਰ ਲਈ ਹਰੀ ਝੰਡੀ ਦੇ ਕੇ ਰਵਾਨਾਂ ਕਰਦੇ ਹੋਏ । ਨਾਲ ਹਨ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਅਗਰਵਾਲ।

= = = = = = = = = = = =

**I/26049/2020**

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

'ਦਿਵਿਆਂਗਾਂ ਲਈ ਤਕਨੌਲਜੀ ਵਿਕਾਸ ਦੇ ਖੋਜ ਕੇਂਦਰ' ਨੇ ਲਗਾਈ ਵਰਕਸ਼ਾਪ

ਅੰਮ੍ਰਿਤਸਰ, 19 ਮਈ: -- ਪੰਜਾਬੀ ਯੂਨੀਵਰਸਿਟੀ , ਪਟਿਆਲਾ ਦੇ ਕੰਪਿਊਟਰ ਸਾਇੰਸ ਵਿਭਾਗ ਵਿਖੇ ਸਥਾਪਿਤ 'ਦਿਵਿਆਂਗਾਂ ਲਈ ਤਕਨੌਲਜੀ ਵਿਕਾਸ ਦੇ ਖੋਜ ਕੇਂਦਰ ' (ਰਿਸਰਚ ਸੈਂਟਰ ਫੌਰ ਟੈਕਨੌਲਜੀ ਡਿਵੈਲਪਮੈਂਟ ਫੌਰ ਡਿਫਰੈਂਟਲੀ ਏਬਲਡ ਪਰਸਨਜ਼) ਵੱਲੋਂ ਪੰਜਾਬ ਸਰਕਾਰ ਦੇ ਸਿੱਖਿਆ ਵਿਭਾਗ ਵੱਲੋਂ ਚਲਾਏ ਜਾਂਦੇ ਸਮੱਗਰ ਸਿੱਖਿਆ ਅਭਿਆਨ ਦੇ ਸਹਿਯੋਗ ਨਾਲ ਅੱਠ ਦਿਨਾ ਸਿਖਲਾਈ ਵਰਕਸ਼ਾਪ ਲਗਾਈ ਜਾ ਰਹੀ ਹੈ। ਇਸ ਵਰਕਸ਼ਾਪ ਦੇ ਉਦਘਾਟਨੀ ਸਮਾਰੋਹ ਵਿਚ 1200 ਦੇ ਕਰੀਬ ਲੋਕਾਂ ਵੱਲੋਂ ਭਾਗ ਲਿਆ ਗਿਆ ਜਿਨ੍ਹਾਂ ਵਿਚ ਪੰਜਾਬ ਦੇ ਹਰੇਕ ਜਿਲ੍ਹੇ ਨਾਲ ਜੁੜੇ ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀਆਂ ਦੇ ਅਧਿਆਪਕ ਅਤੇ ਵਲੰਟੀਅਰ ਸ਼ਾਮਿਲ ਸਨ। ਆਨਲਾਈਨ ਪ੍ਰੋਗਰਾਮ ਵਿਚ ਏਨੀ ਵੱਡੀ ਤਾਦਾਦ ਵਿਚ ਲੋਕਾਂ ਦਾ ਜੁੜਨਾ ਆਪਣੇ ਆਪਣੇ ਆਪ ਵਿਚ ਇਕ ਇਤਿਹਾਸ ਹੈ।

ਉਦਘਾਟਨੀ ਸ਼ਬਦ ਬੋਲਦਿਆਂ ਵਾਈਸ ਚਾਂਸਲਰ ਡਾ. ਬੀ.ਐੱਸ. ਘੁੰਮਣ ਨੇ ਕਿਹਾ ਕਿ ਅਜਿਹੇ ਸਿਖਲਾਈ ਪ੍ਰੋਗਰਾਮ ਜਿੱਥੇ ਇਸ ਵਿਚ ਭਾਗ ਲੈਣ ਵਾਲਿਆਂ ਲਈ ਸਹਾਈ ਹੁੰਦੇ ਹਨ ਉੱਥੇ ਯੂਨੀਵਰਸਿਟੀ ਵਿਚਲੇ ਖੋਜ ਕੇਂਦਰ ਜਿਹੇ ਉਨ੍ਹਾਂ ਸਭ ਅਦਾਰਿਆਂ ਲਈ ਵੀ ਲਾਭਦਾਇਕ ਹਨ ਜਿਨ੍ਹਾਂ ਨੇ ਸਮਾਜ ਦੇ ਇਸ ਵਿਸ਼ੇਸ਼ ਭਾਗ ਲਈ ਆਪਣੇ ਪ੍ਰਾਜੈਕਟ ਤਿਆਰ ਕਰਨੇ ਹੁੰਦੇ ਹਨ। ਇਸ ਤਰ੍ਹਾਂ ਦੀ ਸ਼ਮੂਲੀਅਤ ਨਾਲ ਯੂਨੀਵਰਸਿਟੀਆਂ ਜਾਂ ਹੋਰ ਸੰਬੰਧਤ ਅਦਾਰੇ ਆਪਣੇ ਪ੍ਰਾਜੈਕਟ ਬਿਹਤਰ ਤਰੀਕੇ ਨਾਲ ਵਿਉਂਤ ਸਕਦੇ ਹਨ। ਪੰਜਾਬ ਸਰਕਾਰ ਦੇ ਸਿ ੍ਰੱਖਿਆ ਵਿਭਾਗ ਨਾਲ ਸਾਂਝੇਦਾਰੀ ਕਾਇਮ ਕਰਨ ਬਾਰੇ ਉਨ੍ਹਾਂ ਕਿਹਾ ਕਿ ਸਿੱਖਿਆ ਦੇ ਹਰ ਪੱਧਰ ਪ੍ਰਾਇਮਰੀ , ਸੈਕੰਡਰੀ ਅਤੇ ਉਚੇਰੀ ਸਿੱਖਿਆ ਆਦਿ ਨੂੰ ਇਕ ਦੂਸਰੇ ਨਾਲ ਮਿਲ ਕੇ ਚੱਲਣ ਦੀ ਲੋੜ ਹੈ। ਭਵਿੱਖ ਵਿਚ ਹੋਰ ਸਾਂਝੇ ਪ੍ਰੋਗਰਾਮ ਉਲੀਕਣ ਦੀ ਕਾਮਨਾ ਕਰਦਿਆਂ ਉਨ੍ਹਾਂ ਕਿਹਾ ਕਿ ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀ ਸਮਾਜ ਦਾ ਇਕ ਵਿਸ਼ੇਸ਼ ਅੰਗ ਹਨ ; ਇਸ ਲਈ ਸਾਰੇ ਵਰਗਾਂ ਦੇ ਹਿਤ ਨੂੰ ਧਿਆਨ ਵਿਚ ਰੱਖ ਕੇ ਚੱਲਣ ਵਾਲੇ ਸਮਾਜ ਵਿਚ ਉਨ੍ਹਾਂ ਨੂੰ ਹਰ ਪੱਧਰ ਤੇ ਨਾਲ ਲੈ ਕੇ ਚੱਲਣ ਦੀ ਲੋੜ ਹੈ।

ਪੰਜਾਬ ਸਰਕਾਰ ਦੇ ਸੰਬੰਧਤ ਪ੍ਰਾਜੈਕਟ ਦੇ ਏ. ਐੱਸ.ਪੀ.ਡੀ. (ਆਈ.ਈ.ਡੀ.) ਡਾ. ਗੁਰਜੀਤ ਸਿੰਘ ਵੱਲੋਂ ਪੰਜਾਬੀ ਯੂਨੀਵਰਸਿਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਗਿਆ ਕਿ ਕਰੋਨਾ ਦੇ ਦੌਰ ਵਿਚ ਜਦੋਂ ਅਜਿਹੇ ਅਧਿਆਪਕਾਂ ਲਈ ਸਿਖਲਾਈ ਪ੍ਰੋਗਰਾਮ ਆਯੋਜਿਤ ਕਰਨ ਦੀ ਅਹਿਮ ਲੋੜ ਹੈ ਤਾਂ ਯੂਨੀਵਰਸਿਟੀ ਵੱਲੋਂ ਸਹੀ ਵਕਤ ਉੱਪਰ ਉਨ੍ਹਾਂ ਦੀ ਬਾਂਹ ਫੜੀ ਗਈ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਵਿਚ ਪੰਝੱਤਰ ਹਜਾਰ ਦੇ ਕਰੀਬ ਅਜਿਹੇ ਵਿਸ਼ੇਸ਼ ਲੋੜਾਂ ਵਾਲੇ ਬੱਚੇ ਪੜ੍ਹ ਰਹੇ ਹਨ ਜਿਨ੍ਹਾਂ ਲਈ ਸਰਕਾਰ ਵੱਲੋਂ ਢੁਕਵੇਂ ਪ੍ਰਬੰਧ ਕੀਤੇ ਹੋਏ ਹਨ।

ਐਨ ਆਈ ਈ ਐਮ ਪੀ ਐਮ ਡੀ ਚੇਨਈ ਦੇ ਡਾਇਰੈਕਟਰ ਡਾ. ਹਿਮਾਂਸ਼ੂ ਦਾਸ ਵੱਲੋਂ ਇਸ ਮੌਕੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੇ ਪਾਠਕ੍ਰਮ ਨਿਰਧਾਰਣ ਸੰਬੰਧੀ ਵਿਸਥਾਰ ਵਿਚ ਭਾਸ਼ਣ ਦਿੱਤਾ ਗਿਆ ਜਿਸ ਵਿਚ ਉਨ੍ਹਾਂ ਵੱਲੋਂ ਬਹੁਤ ਸਾਰੇ ਤਕਨੀਕੀ ਨੁਕਤੇ ਸਾਂਝੇ ਕੀਤੇ ਗਏ। ਡਾ. ਹਿਮਾਂਸ਼ੂ ਦਾਸ ਨੇ ਆਪਣੇ ਨਿੱਜੀ ਤਜ਼ਰਬੇ ਸਾਂਝੇ ਕਰਦੇ ਹੋਏ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆ ਨੂੰ ਦਰਪੇਸ਼ ਪੜ੍ਹਾਈ ਦੇ ਨਾਲ-ਨਾਲ ਰੋਜ਼ਾਨਾ ਜੀਵਨ ਵਿੱਚ ਆ ਰਹੀਆਂ ਮੁਸ਼ਕਿਲਾਂ ਦੇ ਸਕਾਰਾਤਮਕ ਹੱਲ੍ਹ ਬਾਰੇ ਜਾਣੂ ਕਰਵਾਇਆ 9 ਇਸ ਤੋਂ ਇਲਾਵਾ ਉਹਨਾਂ ਨੇ ਇੰਨਕਲੂਸਿਵ ਸਿੱਖਿਆ ਵਿੱਚ ਲੋੜੀਂਦੇ ਟੀਚੇ ਪ੍ਰਾਪਤ ਕਰਨ ਲਈ ਜਰਨਲ

ਅਧਿਆਪਕ ਅਤੇ ਵਿਸ਼ੇਸ਼ ਅਧਿਆਪਕ ਵੱਲੋਂ ਰਲ ਮਿਲ ਕੇ ਵਿਸ਼ੇਸ਼ ਜ਼ਰੂਰਤਾਂ ਵਾਲੇ ਬੱਚਿਆ ਲਈ ਕੰਮ ਕਰਨ ਲਈ ਪ੍ਰੇਰਿਤ ਕੀਤਾ।

ਪ੍ਰੋਗਰਾਮ ਦੀ ਸ਼ੁਰੂਆਤ ਖੋਜ ਕੇਂਦਰ ਦੇ ਕੋਆਰਡੀਨੇਟਰ ਡਾ. ਵਿਸ਼ਾਲ ਗੋਇਲ ਵੱਲੋਂ ਕੀਤੀ ਗਈ ਜਿਸ ਵਿਚ ਉਨ੍ਹਾਂ ਵਲੋਂ ਦੱਸਿਆ ਗਿਆ ਕਿ ਯੂਨੀਵਰਸਿਟੀ ਦੇ ਇਸ ਖੋਜ ਕੇਂਦਰ ਵੱਲੋਂ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਲਈ ਲੋੜੀਂਦੀ ਢੁਕਵੀਂ ਤਕਨੌਲਜੀ ਦੇ ਵਿਕਾਸ ਲਈ ਬਹੁਤ ਸਾਰੇ ਯਤਨ ਕੀਤੇ ਜਾ ਰਹੇ ਹਨ। ਮੁਖੀ ਕੰਪਿਊਟਰ ਸਾਇੰਸ ਵਿਭਾਗ ਡਾ. ਧਰਮਵੀਰ ਸ਼ਰਮਾ ਵੱਲੋਂ ਸਭ ਦਾ ਰਸਮੀ ਸਵਾਗਤ ਕੀਤਾ ਗਿਆ। ਸਟੇਟ ਸਪੋਰਟਸ ਕੋਆਰਡੀਨੇਟਰ ਧਰਮਿੰਦਰ ਸਿੰਘ ਨੇ ਬਤੌਰ ਕਨਵੀਨਰ ਦੀ ਭੂਮਿਕਾ ਨਿਭਾਈ।

ਅੰਤ ਵਿਚ ਡਾ. ਗੁਰਪ੍ਰੀਤ ਸਿੰਘ ਜੋਸਨ , ਕੋਆਰਡੀਨੇਟਰ, ਟ੍ਰੇਨਿੰਗ ਪ੍ਰੋਗਰਾਮ ਨੇ ਸਭ ਦਾ ਰਸਮੀ ਧੰਨਵਾਦ ਕੀਤਾ। ਇਹ ਅੱਠ-ਦਿਨਾ ਸਿਖਲਾਈ ਪ੍ਰੋਗਰਾਮ 25 ਮਈ 2020 ਤਕ ਚੱਲਣਾ ਹੈ।

-----------------------------

**I/26051/2020**

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਅੰਮ੍ਰਿਤਸਰ

ਕੋਵਿਡ-19 ਦੀ ਮਹਾਂਮਾਰੀ ਤੋਂ ਉਭਰਨ ਲਈ ਅਨੁਸੂਚਿਤ ਜਾਤੀਆਂ ਦੇ ਗਰੀਬ ਲੋਕਾਂ ਨੂੰ 140.40 ਲੱਖ ਦੀ ਸਬਸਿਡੀ ਜਾਰੀ

ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਦੀ ਪਹਿਲ ਕਦਮੀ

ਲੋਕਡਾਊਨ ਕਾਰਨ ਫਸੀ ਕਰਜ਼ਿਆਂ ਦੀ ਰਹਿੰਦੀ ਰਕਮ 323.91 ਲੱਖ ਵੰਡਣ ਦੀ ਕਾਰਵਾਈ ਆਰੰਭ

ਅੰਮ੍ਰਿਤਸਰ, 19 ਮਈ ( )--- ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਅਤੇ ਵਿੱਤ ਕਾਰਪੋਰੇਸ਼ਨ ਨੇ ਅਨੁਸੂਚਿਤ ਜਾਤੀਆਂ ਦੇ ਗਰੀਬ ਲੋਕਾਂ ਨੂ ਕੋਵਿਡ- 19 ਦੀ ਮਹਾਂਮਾਰੀ ਤੋਂ ਉਭਾਰਨ ਲਈ 140.40 ਲੱਖ ਦੀ ਸਬਸਿਡੀ ਜਾਰੀ ਕੀਤੀ ਹੈ। ਇਸ ਬਾਰੇ ਜਾਣਕਾਰੀ ਦਿੰਦਿਆ ਕਾਰਪੋਰੇਸ਼ਨ ਦੇ ਚੇਅਰਮੈਨ , ਇੰਜ: ਮੋਹਨ ਲਾਲ ਸੂਦ ਨੇ ਦੱਸਿਆ ਗਿਆ ਕਿ ਕਰੋਨਾ ਵਾਈਰਸ ਦੀ ਮਹਾਂਮਾਰੀ ਦੌਰਾਨ ਸਾਰੇ ਸੰਸਾਰ ਵਿਚ ਆਰਥਿਕ ਤੌਰ ਤੇ ਬਹੁਤ ਹੀ ਨਕਾਰਤਮਕ ਪ੍ਰਭਾਵ ਪਿਆ ਹੈ। ਜਿਸ ਕਾਰਨ ਬਹੁਤ ਸਾਰੇ ਲੋਕਾਂ ਦੇ ਰੁਜਗਾਰ ਖੁਸ ਗਏ ਹਨ ਅਤੇ ਗਰੀਬ ਪਰਿਵਾਰਾਂ ਦੀ ਰੋਜ਼ੀ ਰੋਟੀ ਤੇ ਬਹੁਤ ਬੁਰਾ ਪ੍ਰਭਾਵ ਪਿਆ ਹੈ। ਪਰ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਲੋਂ ਪ੍ਰਾਪਤ ਦਿਸ਼ਾ ਨਿਰਦੇਸ਼ਾਂ ਤੇ ਕਾਰਵਾਈ ਕਰਦਿਆ ਅਨੁਸੂਚਿਤ ਜਾਤੀਆਂ ਦੇ ਗਰੀਬ ਪਰਿਵਾਰਾਂ ਨੂੰ ਆਪੋ ਆਪਣਾ ਰੁਜਗਾਰ ਸਥਾਪਤ ਕਰਨ ਲਈ ਬੈਂਕ ਟਾਈ ਅਪ ਸਕੀਮ ਤਹਿਤ 1404 ਲਾਭਪਾਤਰੀਆਂ ਨੂੰ ਆਪਣਾ ਰੁਜਗਾਰ ਸਥਾਪਤ ਕਰਨ ਲਈ 140.40 ਲੱਖ ਰੁ: ਦੀ ਸਬਸਿਡੀ ਜਾਰੀ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜਿਲਾ ਮੈਨੇਜਰਾਂ ਨੂੰ ਇਹ ਸਬਸਿਡੀ ਸਬੰਧਤ ਲਾਭਪਾਤਰੀਆਂ ਦੇ ਖਾਤੇ ਵਿਚ ਪਾਉਣ ਲਈ ਨਿਰਦੇਸ਼ ਜਾਰੀ ਕਰ ਦਿੱਤੇ ਗਏ ਹਨ।ਇਨਾਂ ਲਾਭਪਾਤਰੀਆਂ ਨੂੰ ਆਉਣ ਵਾਲੇ ਕੁਝ ਦਿਨਾਂ ਵਿਚ ਆਪੋ ਆਪਣਾ ਬਿਜਨਸ ਸ਼ੁਰੂ ਕਰਨ ਲਈ ਲੱਗਭੱਗ ਅੱਠ ਤੋਂ ਨੌਂ ਕਰੋੜ ਰੁਪਏ ਦਾ ਕਰਜਾ ਬੈਂਕਾਂ ਦੁਆਰਾ ਪ੍ਰਾਪਤ ਹੋ ਜਾਵੇਗਾ। ਸ੍ਰੀ ਸੂਦ ਨੇ ਕਾਰਪੋਰੇਸ਼ਨ ਦੀ ਇਸ ਪਹਿਲ ਕਦਮੀ ਮਹਾਮਾਰੀ ਦੇ ਇਸ ਭਿਆਨਕ ਸਮੇਂ ਵਿੱਚ ਇੱਕ ਬਹੁਤ ਵੱਡੀ ਰਾਹਤ ਦੇਣ ਵਾਲੀ ਕਾਰਵਾਈ ਦੱਸਿਆ ਹੈ।

ਇੰਜ: ਮੋਹਨ ਲਾਲ ਸੂਦ ਨੇ ਇਹ ਵੀ ਦੱਸਿਆ ਕਿ ਇਸ ਤੋਂ ਇਲਾਵਾ ਕਾਰਪੋਰੇਸਨ ਵਲੋਂ ਆਪਣੀਆਂ ਹੋਰ ਸਕੀਮਾਂ ਅਧੀਨ ਵੀ ਸਾਲ 2019-20 ਦੌਰਾਨ 1235.24 ਲੱਖ ਰੁਪਏ ਦੇ ਕਰਜੇ ਮਨਜੂਰ ਕੀਤੇ ਗਏ ਸਨ ਜਿਨਾਂ ਵਿਚੋਂ 911.33 ਲੱਖ ਰੁਪਏ ਦੇ ਕਰਜੇ ਸਬੰਧਤ ਲਾਭਪਾਤਰੀਆਂ ਨੂੰ ਵੰਡੇ ਜਾ ਚੁੱਕੇ ਸਨ ।ਉਨ੍ਹਾਂ ਕਿਹਾ ਕਿ ਮਾਰਚ ਮਹੀਨੇ ਵਿੱਚ ਕਰੋਨਾ ਵਾਈਰਸ ਦੇ ਕਾਰਨ ਲੱਗੇ ਲੋਕਡਾਊਨ ਤੇ ਕਰਫ਼ਿਊ ਕਾਰਨ ਜਿਹੜੇ ਕਰਜ਼ੇ ਵੰਡਣ ਤੋਂ ਰਹਿ ਗਏ ਸਨ ਹੁਣ ਜਲਦੀ ਵੰਡੇ ਜਾਣਗੇ । ਉਨ੍ਹਾ ਕਿਹਾ ਕਿ ਕਾਰਪੋਰੇਸਨ ਵਲੋਂ ਜਲਦੀ ਹੀ ਬਾਕੀ ਰਹਿੰਦੇ 323.91 ਲੱਖ ਰੁਪਏ ਦੇ ਕਰਜ਼ਿਆਂ ਦੀ ਅਦਾਇਗੀ ਕਰਨ ਦੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਚੇਅਰਮੈਨ ਵਲੋਂ ਕਾਰਪੋਰੇਸਨ ਦੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਵਲੋਂ ਮਿਹਨਤ ਅਤੇ ਲਗਨ ਨਾਲ ਕੰਮ ਕਰਨ ਦੀ ਭਾਵਨਾ ਦੀ ਵੀ ਸਰਾਹਨਾ ਕੀਤੀ ਗਈ ਜਿਸ ਕਾਰਨ ਕਰੋਨਾ ਦੀ ਮਹਾਂਮਾਰੀ ਦੇ ਦੌਰਾਨ ਵੀ ਕਾਰਪੋਰੇਸਨ ਦੇ ਸਮੁੱਚੇ ਸਟਾਫ ਵਲੋਂ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਬੀਮਾਰੀ ਤੋਂ ਇਹਿਤਿਆਤ ਵਰਤਦੇ ਹੋਏ ਔਖੇ ਸਮੇਂ ਵਿਚ ਵੀ ਕਰੋਨਾ ਯੋਧਿਆਂ ਵਾਂਗ ਕੰਮ ਕੀਤਾ ਤੇ ਆਪਣੀ ਇੱਕ ਦਿਨ ਦੀ ਤਨਖਾਹ ਵੀ ਮੁੱਖ ਮੰਤਰੀ ਫੰਡ ਵਿੱਚ ਪਾਈ।

**I/26052/2020**

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ

ਆਈਸੋਲੇਸ਼ਨ ਕੇਂਦਰਾਂ ਦੇ ਦੁਆਲੇ ਲਗਾਈਆਂ ਧਾਰਾ 144 ਅਧੀਨ ਪਾਬੰਦੀਆਂ

ਅੰਮ੍ਰਿਤਸਰ, 19 ਮਈ ( )-ਕੋਵਿਡ 2019 ਦੇ ਟਾਕਰੇ ਲਈ ਜਿਲ੍ਹਾ ਪ੍ਰਸ਼ਾਸਨ ਵੱਲੋਂ ਕੀਤੇ ਗਏ ਪ੍ਰਬੰਧਾਂ, ਜਿਸ ਵਿਚ ਇਸ ਵਾਇਰਸ ਦੇ ਸ਼ੱਕੀਆਂ ਨੂੰ ਵੱਖਰੇ ਰੱਖਣ ਦਾ ਪ੍ਰਬੰਧ ਕਰਨ ਵਾਸਤੇ ਆਈਸੋਲੇਸ਼ਨ ਕੇਂਦਰ ਬਣਾਏ ਗਏ ਹਨ , ਦੁਆਲੇ ਕਾਰਜਕਾਰੀ ਮੈਜਿਸਟਰੇਟ ਕਮ ਡਿਪਟੀ ਕਮਿਸ਼ਨਰ ਪੁਲਿਸ ਅੰਮ੍ਰਿਤਸਰ ਨੇ ਫੌਜਦਾਰੀ ਸੰਘਤਾ 1973 ਦੀ ਧਾਰਾ 144 ਸੀ.ਆਰ.ਪੀ.ਸੀ. ਦੇ ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਪੁਲਿਸ ਕਮਿਸ਼ਨਰੇਟ ਦੇ ਇਲਾਕੇ ਵਿਚ ਬਣੇ ਉਕਤ ਸੈਂਟਰਾਂ ਅਤੇ ਇਨਾਂ ਦੁਆਲੇ ਪੰਜ ਜਾਂ ਇਸ ਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ ਉਤੇ ਪਾਬੰਦੀ ਲਗਾ ਦਿੱਤੀ ਹੈ।

ਸ. ਜਗਮੋਹਨ ਸਿੰਘ ਡਿਪਟੀ ਕਮਿਸ਼ਨਰ ਪੁਲਿਸ ਨੇ ਜਾਰੀ ਕੀਤੇ ਹੁਕਮਾਂ ਵਿਚ ਸਪੱਸ਼ਟ ਕੀਤਾ ਹੈ ਕਿ ਸਿਹਤ ਵਿਭਾਗ ਵੱਲੋਂ ਬਣਾਏ ਗਏ ਆਈਸੋਲੇਸ਼ਨ ਸੈਂਟਰ ਜਿਸ ਵਿਚ ਗੁਰੂ ਨਾਨਕ ਦੇਵ ਹਸਪਤਾਲ , ਰੀਹੈਬਲੀਟੇਸ਼ਨ ਸੈਂਟਰ ਕਰਮ ਸਿੰਘ ਹਸਪਤਾਲ , ਜਨਾਨਾ ਵਾਰਡ ਸਾਹਮਣੇ ਹਿੰਦੂ ਕਾਲਜ , ਹੋਟਲ ਪਾਰਕਇੰਨ ਬੈਕ ਸਾਈਡ ਰੈਡੀਸਨ ਬਲੂ ਏਅਰਪੋਰਟ, ਐਸ ਜੀ ਰਿਜ਼ੋਰਟ ਸਾਹਮਣੇ ਫੋਰਟਿਸ ਐਸਕਾਰਟ ਹਸਪਤਾਲ , ਡਿਸਪੈਂਸਰੀ ਨਰਾਇਨਣਗੜ੍ਹ, ਰਣਜੀਤ ਐਵੀਨਿਊ ਕਮਿਊਨਟੀ ਹਾਲ, ਹੋਟਲ ਵੋਲਗਾ ਨੇੜੇ ਰੇਲਵੇ ਸਟੇਸ਼ਨ ਵਿਖੇ ਕਿਸੇ ਵੀ ਤਰਾਂ ਦੀ ਭੀੜ ਇਕੱਠੀ ਨਾ ਹੋਣ ਦੇਣ ਲਈ ਧਾਰਾ 144 ਅਧੀਨ ਪਾਬੰਦੀ ਲਗਾ ਦਿੱਤੀ ਹੈ। ਇਹ ਹੁਕਮ 16 ਜੁਲਾਈ ਤੱਕ ਜਾਰੀ ਰਹਿਣਗੇ। ਉਨਾਂ ਕਿਹਾ ਕਿ ਕਿਉਂਕਿ ਵਾਇਰਸ ਮਨੁੱਖਾਂ ਦੇ ਰਾਬਤੇ ਜਾਂ ਪ੍ਰਭਾਵਿਤ ਵਿਅਕਤੀ ਦੇ ਨੇੜੇ ਹੋਣ ਕਾਰਨ ਫੈਲਦਾ ਹੈ , ਸੋ ਇਸ ਨੂੰ ਰੋਕਣ ਲਈ ਇਹ ਪਾਬੰਦੀਆਂ ਲਗਾਉਣੀਆਂ ਜ਼ਰੂਰੀ ਹਨ।

============